28 Oct-FDK-Mkt-5-6-7-8.qxd 28-Oct-25 9:23 PM Page 2

ਦਿੱਲੀ ਇੰਟਰਨੈਸ਼ਨਲ ਸਕੂਲ ਦੇ ਪੇਂਟਿੰਗ ਮੁਕਾਬਲੇ ਦੇ ਜੇਤੂ ਵਿਦਿਆਰਥੀ ਸਕੂਲ ਪ੍ਰਬੰਧਕਾਂ ਨਾਲ। ਅਜੀਤ ਤਸਵੀਰ

## ਜ਼ਿਲ੍ਹਾ ਪੱਧਰੀ ਪੇਂਟਿੰਗ ਮੁਕਾਬਲੇ 'ਚ ਦਿੱਲੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਛਾਏ

ਫ਼ਰੀਦਕੋਟ, 28 ਅਕਤੂਬਰ (ਜਸਵੰਤ ਸਿੰਘ ਪੁਰਬਾ)-ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਬਾਲ ਭਲਾਈ ਕੌਂਸਲ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਪੇਂਟਿੰਗ ਮੁਕਾਬਲੇ ਸੱਭਿਆਚਾਰਕ ਕੇਂਦਰ ਫ਼ਰੀਦਕੋਟ ਵਿਖੇ ਕਰਵਾਏ ਗਏ। ਜਿਸ ਵਿਚ ਜ਼ਿਲ੍ਹੇ ਭਰ ਤੋਂ ਵੱਖ ਵੱਖ ਸਕੂਲਾਂ ਦੇ ਲਗਪਗ 250 ਵਿਦਿਆਰਥੀਆਂ ਨੇ ਹਿੱਸਾ ਲਿਆ। ਹਰ ਮੁਕਾਬਲੇਬਾਜ਼ ਨੇ ਵੱਖਰੇ ਵੱਖਰੇ ਵਿਸ਼ੇ 'ਤੇ ਗਰੁੱਪ ਅਨੁਸਾਰ ਪੇਂਟਿੰਗ ਕਰਕੇ ਆਪਣੀ ਬਿਹਤਰੀਨ ਕਲਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਮੁਕਬਲਿਆਂ ਦੇ ਗਰੀਨ ਗਰੁੱਪ ਵਿਚ ਦਿੱਲੀ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥਣ ਮੋਹਪ੍ਰੀਤ ਕੌਰ ਨੇ ਪਹਿਲਾ, ਹਰਨਿਮਰਤ ਕੌਰ ਨੇ ਦੂਸਰਾ ਅਤੇ ਕਿਆਨ ਨੇ ਤੀਜਾ ਸਥਾਨ ਹਾਸਿਲ ਕੀਤਾ। ਜਦਕਿ ਵਾਈਟ ਗਰੁੱਪ ਵਿਚ ਹਰਸ਼ੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਜਿੱਤ 'ਤੇ ਪ੍ਰਿੰਸੀਪਲ ਪ੍ਰਿਯੰਕਾ ਬਰਾੜ, ਚੇਅਰਮੈਨ ਆਸ਼ੀਸ਼ ਤੋਲਾ, ਡਾਇਰੈਕਟਰ ਅਨੁਪਮਾ ਤੋਲਾ ਅਤੇ ਸ਼ਿਵਮ ਤੋਲਾ ਨੇ ਵਧਾਈ ਦਿੰਦੇ ਹੋਏ ਸਕੂਲ ਦੇ ਆਰਟ ਐਂਡ ਕਰਾਫ਼ਟ ਵਿਸ਼ੇ ਦੇ ਅਧਿਆਪਕਾਂ ਜਗਮੀਤ ਸਿੰਘ ਅਤੇ ਅਮਨਦੀਪ ਸਿੰਘ ਦੇ ਕੰਮਾਂ ਦੀ ਪੁਰਜ਼ੋਰ ਸ਼ਲਾਘਾ ਕੀਤੀ ਜਿਨ੍ਹਾਂ ਦੀ ਯੋਗ ਰਹਿਨੁਮਾਈ ਦੀ ਬਦੌਲਤ ਸਕੂਲ ਦਾ ਮਾਣ ਇਲਾਕੇ ਭਰ ਵਿਚ ਵਧਿਆ ਹੈ।

# ਮਾਰਕੀਟ ਕਮੇਟੀ ਜੈਤੋ ਦੇ ਚੇਅਰਮੈਨ ਵਲੋਂ ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ

ਜੈਤੋ, 28 ਅਕਤੂਬਰ (ਗੁਰਮੀਤਪਾਲ ਰੋੜੀਕਪੂਰਾ)-ਮਾਰਕੀਟ ਕਮੇਟੀ ਜੈਤੋ ਦੇ ਚੇਅਰਮੈਨ ਡਾ. ਲਛਮਣ ਭਗਤੂਆਣਾ ਨੇ ਅੱਜ ਮਾਰਕੀਟ ਕਮੇਟੀ ਦਫ਼ਤਰ ਵਿਖੇ ਸ਼ੈਲਰ ਐਸੋਸੀਏਸ਼ਨ ਜੈਤੋ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦਾ ਮੁੱਖ ਮਕਸਦ ਮੰਡੀ 'ਚ ਚੱਲ ਰਹੇ ਖਰੀਦ ਕਾਰਜਾਂ ਦੀ ਸਮੀਖਿਆ ਕਰਨਾ, ਫ਼ਸਲ ਖ਼ਰੀਦ ਦੌਰਾਨ ਆਉਣ ਵਾਲੀਆਂ ਸਮੱਸਿਆਵਾਂ ਦਾ ਹੱਲ ਲੱਭਣਾ ਅਤੇ ਵਪਾਰੀਆਂ ਨਾਲ ਮਿਲ ਕੇ ਮੰਡੀ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣਾ ਸੀ। ਚੇਅਰਮੈਨ ਡਾ. ਭਗਤੂਆਣਾ ਨੇ ਕਿਹਾ ਕਿ ਮੰਡੀ ਕਿਸਾਨਾਂ ਅਤੇ ਵਪਾਰੀਆਂ ਦੋਵਾਂ ਲਈ ਸਾਂਝਾ ਪਲੇਟਫ਼ਾਰਮ ਹੈ, ਜਿੱਥੇ ਹਰ ਇਕ ਦੂਸਰੇ ਦੀ ਭੂਮਿਕਾ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਕਮੇਟੀ ਵਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕਿਸਾਨਾਂ ਨੂੰ ਅਨਾਜ ਦੀ ਵਿਕਰੀ ਲਈ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਮੰਡੀ ਵਿਚ ਤੋਲਣ ਦੀਆਂ ਸੁਵਿਧਾਵਾਂ ਦਾ ਪ੍ਰਬੰਧਾਂ 'ਤੇ ਖ਼ਾਸ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਦਾ ਮੁੱਖ ਉਦੇਸ਼ ਕਿਸਾਨਾਂ ਤੇ ਵਪਾਰੀਆਂ ਦੋਹਾਂ ਲਈ ਸੁਚਾਰੂ ਕਾਰਜ-ਵਾਤਾਵਰਨ ਤਿਆਰ ਕਰਨਾ ਹੈ। ਇਸ ਤੋਂ ਇਲਾਵਾ, ਤੋਲ ਕੇਂਦਰਾਂ 'ਤੇ ਆਟੋਮੈਟਿਕ ਮਸ਼ੀਨਾਂ ਦੀ ਸਥਾਪਨਾ ਕਰਨ ਬਾਰੇ ਵੀ ਵਿਚਾਰ ਕੀਤਾ ਜਾ ਰਿਹਾ ਹੈ ਤਾਂ ਜੋ ਪਾਰਦਰਸ਼ਤਾ ਬਣੀ ਰਹੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਝੋਨੇ ਦੀ ਫ਼ਸਲ ਵੇਚਣ ਸਬੰਧੀ ਕਿਸੇ ਤਰ੍ਹਾਂ ਦੀ ਮੁਸ਼ਕਿਲ ਆਉਂਦੀ ਹੈ ਤਾਂ ਉਹ ਬੇਝਿਜਕ ਉਨ੍ਹਾਂ ਨਾਲ ਰਾਬਤਾ ਕਰ ਸਕਦੇ ਹਨ। ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਦੀਨ ਦਿਆਲ (ਟੇਕ ਚੰਦ) ਅਤੇ ਪੰਨਾ ਆਗੂ, ਲਾਲ ਜੈਨ, ਰਿੰਕੂ ਬਾਂਸਲ (ਰਿੱਕਾ ਆੜ੍ਹਤੀਆ) ਅਤੇ ਹੋਰ ਨੁਮਾਇੰਦਿਆਂ ਨੇ ਵੀ ਮੰਡੀ ਦੀ ਮੌਜੂਦਾ ਸਥਿਤੀ 'ਤੇ ਆਪਣੀ ਰਾਏ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਕਈ ਵਾਰ ਤੋਲਣ ਦੀ ਪ੍ਰਕਿਰਿਆ ਅਤੇ ਗੋਦਾਮਾਂ ਵਿਚ ਸਟੋਰੇਜ ਦੀ ਸਮੱਸਿਆ ਆਉਂਦੀ ਹੈ, ਜਿਸ ਲਈ ਮਾਰਕੀਟ ਕਮੇਟੀ ਤੋਂ ਸਹਿਯੋਗ ਦੀ ਲੋੜ ਹੈ। ਉਨ੍ਹਾਂ ਮੰਡੀ ਦੀ ਸਫ਼ਾਈ, ਸੁਰੱਖਿਆ ਪ੍ਰਬੰਧ ਅਤੇ ਲੋਡਿੰਗ ਅਣਲੋਡਿੰਗ ਦੌਰਾਨ ਮਜ਼ਦੂਰਾਂ ਦੀ ਉਪਲਬਧਤਾ ਬਾਰੇ ਵੀ ਆਪਣੇ ਸੁਝਾਅ ਦਿੱਤੇ। ਚੇਅਰਮੈਨ ਨੇ ਸਭ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਦੇ ਹੋਏ ਭਰੋਸਾ ਦਿਵਾਇਆ ਕਿ ਕਮੇਟੀ ਜਲਦ ਹੀ ਇਨ੍ਹਾਂ ਮੰਗਾਂ 'ਤੇ ਕਾਰਵਾਈ ਸ਼ੁਰੂ ਕਰੇਗੀ। ਇਸ ਮੌਕੇ ਪੂਜਨ ਸੱਚਦੇਵਾ, ਵਿਜੈ ਡੋਡ, ਮਨੋਜ ਕੁਮਾਰ, ਦਿਨੇਸ਼ ਕੁਮਾਰ ਨੇ ਚੇਅਰਮੈਨ ਦੇ ਕੰਮਾਂ ਦੀ ਪ੍ਰਸੰਸਾ ਕੀਤੀ। ਮੀਟਿੰਗ ਵਿਚ ਮਾਰਕੀਟ ਕਮੇਟੀ ਦੇ ਸੈਕਟਰੀ, ਇੰਜੀਨੀਅਰ, ਇੰਸਪੈਕਟਰ ਤੋਂ ਇਲਾਵਾ ਨੌਜਵਾਨ ਆਗੂ ਲਖਵਿੰਦਰ ਸਿੰਘ ਲਾਡੀ ਬਿਸ਼ਨੰਦੀ ਵੀ ਹਾਜ਼ਰ ਸਨ।

ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦੇ ਹੋਏ ਡਾ. ਲਛਮਣ ਭਗਤੂਆਣਾ। ਤਸਵੀਰ: ਗੁਰਮੀਤਪਾਲ ਰੋੜੀਕਪੂਰਾ

ਜੈਤੋ ਵਿਖੇ ਜਸਪ੍ਰੀਤ ਕੌਰ ਰੱਖੜਾ ਦੀ ਨਾਨੀ ਬਲਜੀਤ ਕੌਰ ਕੈਨੇਡੀਅਨ ਤੇ ਨਾਨਾ ਗੁਰਮੇਲ ਸਿੰਘ ਅੰਗਰੇਈਆ, ਉੱਦਮ ਕਲੱਬ ਜੈਤੋ, ਬਲਿਹਰ ਫ਼ਾਊਂਡੇਸ਼ਨ ਦੇ ਮੈਂਬਰ ਟ੍ਰੀ ਗਾਰਡ ਸਮੇਤ ਬੂਟਾ ਲਗਾਉਂਦੇ ਹੋਏ। ਤਸਵੀਰ : ਗਾਬੜੀਆ

## ਕੈਨੇਡੀਅਨ ਜਸਪ੍ਰੀਤ ਕੌਰ ਰੱਖਰਾ ਨੇ ਟ੍ਰੀ ਗਾਰਡ ਸਮੇਤ ਬੂਟੇ ਲਗਾਏ

ਜੈਤੋ, 28 ਅਕਤੂਬਰ (ਗੁਰਚਰਨ ਸਿੰਘ ਗਾਬੜੀਆ)-ਕੈਨੇਡੀਅਨ ਅਵਤਾਰ ਸਿੰਘ ਰੱਖਰਾ ਤੇ ਚਰਨਜੀਤ ਕੌਰ ਦੀ ਸੁਪੱਤਰੀ ਕੈਨੇਡੀਅਨ ਜਸਪ੍ਰੀਤ ਕੌਰ ਰੱਖਰਾ ਨੇ ਆਪਣੀ ਨਾਨੀ ਬਲਜੀਤ ਕੌਰ ਕੈਨੇਡੀਅਨ ਦੀ ਸਿਹਤਯਾਬੀ ਲਈ ਉੱਦਮ ਕਲੱਬ ਜੈਤੋ ਨੂੰ 20 ਟ੍ਰੀ ਗਾਰਡ ਸਮੇਤ ਬੂਟੇ ਲਗਾਉਣ ਲਈ ਵਾਤਾਵਰਨ ਦੀ ਸੇਵਾ ਵਿਚ ਦਾਨ ਵਜੋਂ ਦਿੱਤੇ। ਉਨ੍ਹਾਂ ਕਿਹਾ ਕਿ ਉੱਦਮ ਕਲੱਬ ਜੈਤੋ ਵਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿਚ ਬੂਟੇ ਲਗਾਉਣਾ ਪ੍ਰਸੰਸਾ ਯੋਗ ਕਦਮ ਹੈ, ਕਿਉਂਕਿ ਵਾਤਾਵਰਨ ਮਨੁੱਖੀ ਜੀਵਨ ਦਾ ਅਧਾਰ ਹੈ। ਇਸ ਲਈ ਵਾਤਾਵਰਨ ਨੂੰ ਬਚਾਉਣਾ ਬਹੁਤ ਜ਼ਰੂਰੀ ਹੈ। ਜਸਪ੍ਰੀਤ ਕੌਰ ਰੱਖਰਾ ਵਲੋਂ ਦਿੱਤੇ ਗਏ ਟ੍ਰੀ ਗਾਰਡ ਸਥਾਨਕ ਸ਼ਹਿਰ 'ਚ ਵੱਖ-ਵੱਖ ਥਾਵਾਂ 'ਤੇ ਲਗਾਏ ਜਾਣਗੇ ਅਤੇ ਬੂਟੇ ਲਗਾਉਣ ਦੀ ਸ਼ੁਰੂਆਤ ਕੈਨੇਡੀਅਨ ਗੁਰਮੇਲ ਸਿੰਘ ਅੰਗਰੇਈਆ ਤੇ ਉਨ੍ਹਾਂ ਦਾ ਧਰਮਪਤਨੀ ਬਲਜੀਤ ਕੌਰ ਕੈਨੇਡੀਅਨ ਵਲੋਂ ਗੰਗਸਰ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਬੂਟੇ ਸਮੇਤ ਟ੍ਰੀ ਗਾਰਡ ਲਗਾ ਕੇ ਕਰਵਾਈ ਗਈ। ਇਸ ਮੌਕੇ ਉੱਦਮ ਕਲੱਬ ਜੈਤੋ ਦੇ ਪ੍ਰਧਾਨ ਗੁਰਜੰਗ ਸਿੰਘ ਨੇ ਕੈਨੇਡੀਅਨ ਜਸਪ੍ਰੀਤ ਕੌਰ ਰੱਖਰਾ ਦੇ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਪੌਦਿਆਂ ਦੀ ਦੇਖਭਾਲ ਕਲੱਬ ਵਲੋਂ ਕੀਤੀ ਜਾਵੇਗੀ। ਕੈਨੇਡੀਅਨ ਜਸਪ੍ਰੀਤ ਕੌਰ ਰੱਖਰਾ ਦੇ ਪਰਿਵਾਰਕ ਮੈਂਬਰਾਂ ਵਿਚੋਂ ਜਗਦੀਪ ਸਿੰਘ ਅੰਗਰੇਈਆ, ਜਸਬੀਰ ਸਿੰਘ ਅੰਗਰੇਈਆ ਤੋਂ ਇਲਾਵਾ ਉੱਦਮ ਕਲੱਬ ਜੈਤੋ ਦੇ ਚੇਅਰਮੈਨ ਰੇਸ਼ਮ ਸਿੰਘ ਬਰਾੜ, ਸਵਰਨਜੀਤ ਸਿੰਘ, ਬਲਜੀਤ ਗਰੋਵਰ, ਹਰਜਿੰਦਰ ਸਿੰਘ, ਬਲਿਹਾਰ ਫਾਊਂਡੇਸ਼ਨ ਦੇ ਰਾਜਬਿੰਦਰ ਸਿੰਘ ਰਾਜਾ ਅਤੇ ਗੁਰਸਾਹਿਬ ਸਿੰਘ ਆਦਿ ਹਾਜ਼ਰ ਸਨ।

ਪਿੰਡ ਸੰਧਵਾਂ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਸਪੀਕਰ ਕੁਲਤਾਰ ਸਿੰਘ ਸੰਧਵਾਂ। ਅਜੀਤ ਤਸਵੀਰ

## ਪਿੰਡ ਸੰਧਵਾਂ ਵਿਖੇ ਸਪੀਕਰ ਵਿਧਾਨ ਸਭਾ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

ਫ਼ਰੀਦਕੋਟ, 28 ਅਕਤੂਬਰ (ਜਸਵੰਤ ਸਿੰਘ ਪੁਰਬਾ)-ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਹਲਕੇ ਦੇ ਪਿੰਡ ਸੰਧਵਾਂ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਹਲਕਾ ਵਾਸੀਆਂ ਨੂੰ ਮਿਲੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਿਆ। ਸਪੀਕਰ ਨੇ ਲੋਕਾਂ ਵਲੋਂ ਰੱਖੀਆਂ ਗਈਆਂ ਮੰਗਾਂ ਨੂੰ ਤਰਜੀਹੀ ਅਧਾਰ 'ਤੇ ਪੂਰਾ ਕੀਤਾ ਜਾਵੇਗਾ। ਸਪੀਕਰ ਸ: ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਬਰੂਹਾਂ ਤੱਕ ਸਰਕਾਰ ਦੀਆਂ ਸੇਵਾਂਵਾਂ ਸਮਾਂਬੰਧ 'ਮੁਹੱਈਆ ਕਰਵਾ ਰਹੀ ਹੈ, ਤਾਂ ਜੋ ਕਿਸੇ ਵੀ ਆਮ ਆਦਮੀ ਨੂੰ ਆਪਣੇ ਕੰਮਾਂ ਲਈ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਵਿਚ ਸੜਕਾਂ, ਸਕੂਲਾਂ, ਖੇਡ ਮੈਦਾਨਾਂ ਅਤੇ ਪਾਣੀ ਸਪਲਾਈ ਨਾਲ ਸਬੰਧਿਤ ਕਈ ਵਿਕਾਸ ਪ੍ਰੋਜੈਕਟ ਚੱਲ ਰਹੇ ਹਨ, ਜੋ ਜਲਦੀ ਹੀ ਪੂਰੇ ਹੋਣਗੇ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਸਿੱਖਿਆ ਅਤੇ ਸਿਹਤ ਖੇਤਰ ਵਿਚ ਨਵੀਂ ਕ੍ਰਾਂਤੀ ਲਿਆਂਦੀ ਜਾ ਰਹੀ ਹੈ। ਸਰਕਾਰੀ ਸਕੂਲਾਂ ਨੂੰ ਆਧੁਨਿਕ ਸੁਵਿਧਾਵਾਂ ਨਾਲ ਸਜਾਇਆ ਜਾ ਰਿਹਾ ਹੈ ਅਤੇ ਆਮ ਲੋਕਾਂ ਨੂੰ ਵਧੀਆ ਇਲਾਜ ਦੀ ਸਹੂਲਤ ਨਜ਼ਦੀਕ ਹੀ ਉਪਲਬਧ ਕਰਵਾਈ ਜਾ ਰਹੀ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਹਾਜ਼ਰ ਸਨ।

# ਵਧੀਕ ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਦੀ ਆਮਦ ਸੰਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ

ਸ੍ਰੀ ਮੁਕਤਸਰ ਸਾਹਿਬ, 28 ਅਕਤੂਬਰ (ਰਣਜੀਤ ਸਿੰਘ ਢਿੱਲੋਂ)-3 ਨਵੰਬਰ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਸ੍ਰੀ ਮੁਕਤਸਰ ਸਾਹਿਬ ਦੌਰੇ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ ਦੀ ਅਗਵਾਈ ਹੇਠ ਹੋਈ, ਜਿਸ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਦੀ ਅਗਵਾਈ ਹੇਠ ਪਹਿਲਾਂ ਵੀ ਅਧਿਕਾਰੀਆਂ ਦੀ ਮੀਟਿੰਗ ਹੋ ਚੁੱਕੀ ਹੈ। ਸਾਰੇ ਵਿਭਾਗ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਲਗਾਈ ਗਈ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਸਮਾਗਮ ਤੱਕ ਕੋਈ ਵੀ ਅਧਿਕਾਰੀ/ਕਰਮਚਾਰੀ ਬਿਨਾਂ ਪ੍ਰਵਾਨਗੀ ਤੋਂ ਛੁੱਟੀ 'ਤੇ ਨਹੀਂ ਜਾਵੇਗਾ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ 3 ਨਵੰਬਰ ਨੂੰ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਵਿਖੇ ਬਹੁਤ ਹੀ ਅਹਿਮ ਸੀਵਰੇਜ਼ ਸਕੀਮ ਦਾ ਨੀਂਹ ਪੱਥਰ ਰੱਖਣਗੇ। ਇਸ ਉਪਰੰਤ ਇਕੱਠ ਨੂੰ ਸੰਬੋਧਨ ਕਰਨਗੇ। ਉਨ੍ਹਾਂ ਸ਼ਹਿਰ ਦੀ ਸਫ਼ਾਈ, ਸੜਕਾਂ ਦੀ ਮੁਰੰਮਤ ਸਮੇਤ ਕੀਤੇ ਜਾਣ ਵਾਲੇ ਕੰਮਾਂ ਦਾ ਰੀਵਿਊ ਕੀਤਾ। ਉਨ੍ਹਾਂ ਦੱਸਿਆ ਕਿ ਉਪਰੋਕਤ ਸਾਰੇ ਸਮਾਗਮ ਦੇ ਨੋਡਲ ਅਫ਼ਸਰ ਉੱਪ ਮੰਡਲ ਮੈਜਿਸਟ੍ਰੇਟ ਸ੍ਰੀ ਮੁਕਤਸਰ ਸਾਹਿਬ ਬਲਜੀਤ ਕੌਰ ਅਤੇ ਐਕਸੀਅਨ ਸੀਵਰੇਜ਼ ਬੋਰਡ ਕੇਵਲ ਗਰਗ ਹੋਣਗੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ, ਉੱਪ ਮੰਡਲ ਮੈਜਿਸਟ੍ਰੇਟ ਸ੍ਰੀ ਮੁਕਤਸਰ ਸਾਹਿਬ ਬਲਜੀਤ ਕੌਰ, ਐਕਸੀਅਨ ਸੀਵਰੇਜ਼ ਬੋਰਡ ਕੇਵਲ ਗਰਗ, ਐੱਸ.ਪੀ. (ਐੱਚ) ਰਾਜਨ ਸ਼ਰਮਾ, ਤਹਿਸੀਲਦਾਰ ਗੁਰਪ੍ਰੀਤ ਸਿੰਘ, ਕਾਰਜ ਸਾਧਕ ਅਫ਼ਸਰ ਵਰੁਣ ਕੁਮਾਰ ਸਹੋਤਾ, ਜ਼ਿਲ੍ਹਾ ਖੇਡ ਅਫ਼ਸਰ ਅਨਿੰਦਰਵੀਰ ਕੌਰ ਬਰਾੜ, ਨਾਇਬ ਤਹਿਸੀਲਦਾਰ ਮਨਵੀਰ ਕੌਰ ਸਿੱਧੂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਸ੍ਰੀ ਮੁਕਤਸਰ ਸਾਹਿਬ ਵਿਖੇ ਮੁੱਖ ਮੰਤਰੀ ਦੇ ਦੌਰੇ ਨੂੰ ਲੈ ਕੇ ਅਧਿਕਾਰੀਆਂ ਨਾਲ ਤਿਆਰੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਥਿੰਦ। ਅਜੀਤ ਤਸਵੀਰ

## ਨਸ਼ਾ ਰੋਕਥਾਮ ਅਤੇ ਕਮਿਊਨਿਟੀ ਭਲਾਈ ਸੰਬੰਧੀ ਕੈਂਪ ਲਗਾਇਆ

ਬੱਧਨੀ ਕਲਾਂ, 28 ਅਕਤੂਬਰ (ਸੰਜੀਵ ਕੋਛੜ)-ਸਬ ਇੰਸਪੈਕਟਰ ਰਾਜ ਸਿੰਘ ਥਾਣਾ ਮੁੱਖ ਅਫ਼ਸਰ ਬੱਧਨੀ ਕਲਾਂ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) 'ਚ ਨਸ਼ਾ ਰੋਕਥਾਮ ਅਤੇ ਕਮਿਊਨਿਟੀ ਭਲਾਈ ਸੰਬੰਧੀ ਸੈਮੀਨਾਰ ਕਰਵਾਇਆ ਗਿਆ। ਥਾਣਾ ਮੁੱਖ ਅਫ਼ਸਰ ਰਾਜ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ ਮਾਨਸਿਕ ਤੇ ਸਮਾਜਿਕ ਨੁਕਸਾਨਾਂ ਬਾਰੇ ਜਾਣੂੰ ਕਰਵਾਉਂਦਿਆਂ ਕਿਹਾ ਕਿ ਨਸ਼ਾ ਨਾ ਸਿਰਫ਼ ਜੀਵਨ ਨੂੰ ਬਰਬਾਦ ਕਰਦਾ ਹੈ, ਸਗੋਂ ਪਰਿਵਾਰ ਅਤੇ ਸਮਾਜ 'ਤੇ ਵੀ ਇਸੇ ਦੇ ਬੁਰੇ ਪ੍ਰਭਾਵ ਪੈਂਦੇ ਹਨ ਨਸ਼ਾ ਤਸਕਰੀ ਨੂੰ ਜੜੋਂ ਖ਼ਤਮ ਕਰਨ ਲਈ ਸੇਫ਼ ਪੰਜਾਬ ਐਪ ਦੀ ਲੋੜ ਤੇ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਹੈਲਪ ਲਾਈਨ ਨੰਬਰ 97791-00200 ਦੀ ਵਰਤੋਂ ਕਰਨ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।

## ਭੋਗ 'ਤੇ ਵਿਸ਼ੇਸ਼-ਬਲਵੀਰ ਸਿੰਘ ਬਰਾੜ

ਪੰਜਗਰਾਈਂ ਕਲਾਂ : ਚੇਅਰਮੈਨ ਬਲਵੀਰ ਸਿੰਘ ਬਰਾੜ ਦਾ ਜਨਮ 1954 ਨੂੰ ਫ਼ਰੀਦਕੋਟ ਜ਼ਿਲ੍ਹੇ ਦੇ ਪਿੰਡ ਪੰਜਗਰਾਈਂ ਕਲਾਂ ਵਿਖੇ ਮਾਤਾ ਨੰਦ ਕੌਰ ਦੀ ਕੁੱਖੋਂ ਪਿਤਾ ਸ: ਸੁੱਚਾ ਸਿੰਘ ਦੇ ਗ੍ਰਹਿ ਵਿਖੇ ਹੋਇਆ। ਆਪ ਨੂੰ ਗੁਰਸਿੱਖੀ ਜੀਵਨ ਦੀ ਦਾਤ ਆਪਣੇ ਦਾਦੇ ਅਤੇ ਪਿਤਾ ਦੀ ਵਿਰਾਸਤ 'ਚੋਂ ਹੀ ਮਿਲੀ ਜਿਸ ਨੂੰ ਆਪ ਨੇ ਤਾਅ ਉਮਰ ਨਿਭਾਇਆ। ਆਪ ਨੇ ਗੁਰਸਿੱਖੀ ਜੀਵਨ ਦੀ ਧ